# ਦਫ਼ਤਰ ਨਗਰ ਨਿਗਮ ਹੁਸ਼ਿਆਰਪੁਰ
# ਪ੍ਰੈਸ ਨੋਟ

## ਪੰਜਾਬ ਸਰਕਾਰ ਵੱਲੋਂ ਪਾਬੰਦੀ ਸ਼ੁਦਾ ਪਲਾਸਟਿਕ ਲਿਫਾਫੇ ਵੇਚਣ ਵਾਲੇ 7 ਦੁਕਾਨਦਾਰਾਂ ਅਤੇ ਰੇਹੜੀਆਂ ਵਾਲਿਆਂ ਦੇ ਪਲਾਸਟਿਕ ਲਿਫਾਫੇ ਕਬਜੇ ਵਿਚ ਲਏ...ਮੇਅਰ ਸ਼ਿਵ ਸੂਦ

## ਨਗਰ ਨਿਗਮ ਦੀ ਟੀਮ ਨੇ ਦੁਕਾਨਦਾਰਾਂ ਨੂੰ ਪਾਬੰਦੀ ਸ਼ੁਦਾ ਲਿਫਾਫਿਆਂ ਦੀ ਵਰਤੋਂ ਨਾ ਕਰਨ ਅਤੇ ਆਪਣੇ ਆਲੇ ਦੁਆਲੇ ਸਫਾਈ ਰੱਖਣ ਦੀ ਕੀਤੀ ਹਦਾਇਤ

ਹੁਸ਼ਿਆਰਪੁਰ 19 ਮਈ ਪੰਜਾਬ ਸਰਕਾਰ ਵੱਲੋਂ ਪਲਾਸਟਿਕ ਦੇ ਲਿਫਾਫੇ ਵੇਚਣ ਤੇ ਪਾਬੰਦੀ ਲਗਾਉਣ ਦੇ ਹੁਕਮ ਲਾਗੂ ਕਰਵਾਉਣ ਲਈ ਨਗਰ ਨਿਗਮ ਦੇ ਸੁਪਰਡੈਂਟ ਸੁਆਮੀ ਸਿੰਘ ਦੀ ਅਗਵਾਈ ਵਿਚ ਭੇਜੀ ਗਈ ਤਹਬਜਾਰੀ ਟੀਮ ਜਿਸ ਵਿਚ ਇੰਸਪੈਕਟਰ ਸੁਰਜੀਤ ਬਹਿਲ, ਸੰਨੀ ਅਤੇ ਕੁਲਵਿੰਦਰ ਸਿੰਘ ਸ਼ਾਮਿਲ ਹਨ ਨੇ 7 ਦੁਕਾਨਦਾਰਾਂ ਅਤੇ ਰੇਹੜੀਆਂ ਵਾਲਿਆ ਦੇ ਪਲਾਸਟਿਕ ਲਿਫਾਫੇ ਕਬਜੇ ਵਿਚ ਲਏ। ਇਹ ਜਾਣਕਾਰੀ ਦਿੰਦਿਆ ਨਗਰ ਨਿਗਮ ਦੇ ਮੇਅਰ ਸ਼ਿਵ ਸੂਦ ਨੇ ਦੱਸਿਆ ਕਿ ਟੀਮ ਵੱਲੋਂ ਵੱਖ-ਵੱਖ ਬਜ਼ਾਰਾਂ, ਬੱਸ ਸਟੈਂਡ, ਪੀਰ ਮੱਦੀ ਸ਼ਾਹ ਗਲੀ, ਸਬਜੀ ਮੰਡੀ, ਘੰਟਾ ਘਰ, ਸ਼ੈਸ਼ਨ ਚੋਂਕ, ਬਾਲ ਕਿਸ਼ਨ ਰੋਡ, ਮਾਲ ਰੋਡ ਵਿਖੇ ਦੁਕਾਨਾਂ ਤੇ ਪਲਾਸਟਿਕ ਲਿਫਾਫਿਆਂ ਦੀ ਚੈਕਿੰਗ ਕੀਤੀ ਅਤੇ ਦੁਕਾਨਦਾਰਾਂ ਨੂੰ ਹਦਾਇਤ ਕੀਤੀ ਕਿ ਉਹ ਪੰਜਾਬ ਸਰਕਾਰ ਵੱਲੋਂ ਪਾਬੰਦੀ ਸ਼ੁਦਾ ਪਲਾਸਟਿਕ ਦੇ ਲਿਫਾਫਿਆਂ ਦੀ ਵਰਤੋਂ ਨਾ ਕਰਨ ਅਤੇ ਨਾ ਹੀ ਵੇਚਣ। ਉਹਨਾਂ ਦੁਕਾਨਦਾਰਾਂ ਅਤੇ ਰੇਹੜੀ ਵਾਲਿਆਂ ਨੂੰ ਇਹ ਵੀ ਹਦਾਇਤ ਕੀਤੀ ਕਿ ਉਹ ਆਪਣੇ ਆਲੇ ਦੁਆਲੇ ਸਫਾਈ ਦਾ ਵਿਸ਼ੇਸ਼ ਧਿਆਨ ਰੱਖਣ। ਮੇਅਰ ਸ਼ਿਵ ਸੂਦ ਨੇ ਕਿਹਾ ਕਿ ਸਰਕਾਰ ਵੱਲੋਂ ਪਲਾਸਟਿਕ ਦੇ ਲਿਫਾਫਿਆਂ ਤੇ ਲਗਾਈ ਗਈ ਪਾਬੰਦੀ ਦੇ ਹੁਕਮਾਂ ਦੀ ਉਲੰਘਣਾ ਕਰਨ ਵਾਲੇ ਦੁਕਾਨਦਾਰਾਂ ਦੇ ਖਿਲਾਫ ਬਣਦੀ ਕਾਰਵਾਈ ਕੀਤੀ ਜਾਵੇਗੀ।